# ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
# ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ, ਪੰਜਾਬ

ਐਸ.ਸੀ.ਓ. ਨੰ: 162-164, ਤੀਜੀ ਮੰਜ਼ਿਲ, ਸੈਕਟਰ 34-ਏ, ਚੰਡੀਗੜ੍ਹ ਫੋਨ : 0172-5043244

---

ਵੱਲ :

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਪੰਜਾਬ।
2. ਸਮੂਹ ਸਰਕਾਰੀ ਸਸ/ਹਾਈ/ਮਿਡਲ/ਪ੍ਰਾਇਮਰੀ ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ: ਏ.ਐਸ.ਪੀ.ਡੀ/ਰਮਸਅ/2011/**R003531-32**
ਮਿਤੀ, ਚੰਡੀਗੜ੍ਹ : 17-06-2011

ਵਿਸ਼ਾ : ਓਬਜਰਵੇਸ਼ਨ ਆਫ ਰੋਡ ਸੇਫਟੀ ਡੀਕੇਡ 2011-2020.

1.0 ਉਕਤ ਵਿਸ਼ੇ ਸਬੰਧੀ ਆਪ ਜੀ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਸਾਲ 2011-2020 ਦਾ ਦਹਾਕਾ ਸੜਕ ਸੁਰੱਖਿਆ ਦਹਾਕੇ ਵਜੋਂ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਪੰਜਾਬ ਸਰਕਾਰ ਸਿੱਖਿਆ ਵਿਭਾਗ (ਸਿੱਖਿਆ-6 ਸ਼ਾਖਾ) ਦੇ ਮੀਮੋ ਨੰ: 3/1321/2011-2 ਸਿ6/4126 ਮਿਤੀ ਚੰਡੀਗੜ੍ਹ 02-06-11 ਰਾਹੀਂ ਇਸ ਸਬੰਧੀ ਸਿੱਖਿਆ ਵਿਭਾਗ ਵੱਲੋਂ ਲੋੜੀਂਦੀ ਕਾਰਵਾਈ ਕੀਤੇ ਜਾਣ ਲਈ ਲਿਖਿਆ ਗਿਆ ਹੈ।

2.0 ਇਸ ਪੱਤਰ ਰਾਹੀਂ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਬਾਰੇ ਜਾਗਰੂਕ ਕਰਨ ਲਈ ਸਮੇਂ-ਸਮੇਂ ਤੇ ਸਵੇਰ ਦੀ ਸਭਾ ਦੌਰਾਨ ਅਧਿਆਪਕਾਂ ਦੁਆਰਾ ਯਾਤਾਯਾਤ ਅਤੇ ਟਰੈਫਿਕ ਨਿਯਮਾਂ ਬਾਰੇ ਵਿਦਿਆਰਥੀਆਂ ਨੂੰ ਜਾਣੂੰ ਕਰਵਾਇਆ ਜਾਵੇ।ਇਸ ਤੋਂ ਇਲਾਵਾ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ 'ਤੇ ਸੜਕ ਸੁਰੱਖਿਆ ਸਬੰਧੀ ਸਕੂਲੀ ਵਿਦਿਆਰਥੀਆਂ ਦੀਆਂ ਰੈਲੀਆਂ ਕਰਵਾ ਕੇ ਆਮ ਜਨਤਾ ਨੂੰ ਜਾਗਰੂਕ ਕਰਵਾਇਆ ਜਾ ਸਕਦਾ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਟ੍ਰੈਫਿਕ ਵਿਭਾਗ ਦੇ ਅਧਿਕਾਰੀਆਂ ਦੁਆਰਾ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਤੋਂ ਜਾਣੂੰ ਕਰਵਾਉਣ ਲਈ ਸਕੂਲ ਪੱਧਰ 'ਤੇ ਪ੍ਰੋਗਰਾਮ ਵੀ ਉਲੀਕੇ ਜਾ ਸਕਦੇ ਹਨ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ